# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :04-05-2026**

ਸਿਹਤ ਅਤੇ ਪਰਿਵਾਰ ਭਲਾਈ ਮੰਤਰਾਲਾ, ਸਾਰੇ ਸੂਬਿਆਂ , ਕੇਂਦਰ ਸ਼ਾਸਿਤ ਪ੍ਰਦੇਸ਼ਾਂ ਅਤੇ ਸੰਬੰਧਿਤ ਕੇਂਦਰੀ ਮੰਤਰਾਲਿਆਂ ਅਤੇ ਵਿਭਾਗਾਂ ਦੇ ਸਹਿਯੋਗ ਨਾਲ, ਦੇਸ਼ ਭਰ ਵਿੱਚ ਸਿਹਤ ਸੰਭਾਲ ਕੇਂਦਰਾਂ ਵਿੱਚ ਅੱਗ ਦੇ ਖਤਰਿਆਂ ਦੀ ਰੋਕਥਾਮ ਅਤੇ ਇਹਨਾਂ ਨੂੰ ਘਟਾਉਣ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਤੋਂ ਸਰਬ ਭਾਰਤੀ 'ਅੱਗ ਸੁਰੱਖਿਆ ਹਫ਼ਤਾ' ਮਨਾ ਰਿਹਾ ਏ । ਕੇਂਦਰੀ ਸਿਹਤ ਸਕੱਤਰ ਪੁਣਯ ਸਲੀਲਾ ਸ੍ਰੀਵਾਸਤਵ ਅੱਜ ਅੱਗ ਸੁਰੱਖਿਆ ਹਫ਼ਤੇ ਦੀ ਸ਼ੁਰੂਆਤ ਕਰਨਗੇ ਅਤੇ ਨਵੀਂ ਦਿੱਲੀ ਦੇ ਕਰਤਵਯ ਭਵਨ ਵਿਖੇ ਸਿਹਤ ਸਹੂਲਤਾਂ ਵਿੱਚ ਅੱਗ ਸੁਰੱਖਿਆ ਬਾਰੇ ਸਹੁੰ ਚੁਕਾਉਣਗੇ. ਇਹ,  ਹਫ਼ਤੇ ਦੌਰਾਨ ਦੇਸ਼ ਭਰ ਵਿੱਚ ਕੀਤੀਆਂ ਜਾਣ ਵਾਲੀਆਂ ਜਾਗਰੂਕਤਾ ਅਤੇ ਤਿਆਰੀ ਗਤੀਵਿਧੀਆਂ ਦੀ ਇੱਕ ਲੜੀ ਦੀ ਸ਼ੁਰੂਆਤ ਨੂੰ ਦਰਸਾਉਂਦਾ ਏ । ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਇਸ ਦੌਰਾਨ ਜਾਗਰੂਕਤਾ ਮੁਹਿੰਮਾਂ, ਮੌਕ ਡ੍ਰਿਲਸ, ਸਮਰੱਥਾ

ਨਿਰਮਾਣ ਪਹਿਲਕਦਮੀਆਂ ਅਤੇ ਅੱਗ ਸੁਰੱਖਿਆ ਪ੍ਰੋਟੋਕੋਲ ਦੇ ਪ੍ਰਸਾਰ ਸਮੇਤ ਕਈ ਗਤੀਵਿਧੀਆਂ ਕਰਨਗੇ ।

---

ਪੰਜਾਬ ਸਰਕਾਰ ਨੇ 2026-27 ਸੀਜ਼ਨ ਲਈ ਸਾਉਣੀ ਦੀ ਮੱਕੀ ਵਿਭਿੰਨਤਾ ਯੋਜਨਾ ਨੂੰ 6 ਜ਼ਿਲ੍ਹਿਆਂ ਤੋਂ ਹੁਣ 16 ਜ਼ਿਲ੍ਹਿਆਂ ਤੱਕ ਵਧਾਉਣ ਦਾ ਫੈਸਲਾ ਕੀਤਾ ਏ , ਜਿਸ ਵਾਸਤੇ ਕਿਸਾਨਾਂ ਨੂੰ ਪ੍ਰਤੀ ਹੈਕਟੇਅਰ 17 ਹਜ਼ਾਰ 500 ਰੁਪਏ ਦਾ ਵਿੱਤੀ ਲਾਭ ਵੀ ਦਿੱਤਾ ਜਾਵੇਗਾ। ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ  ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਹ ਫੈਸਲਾ 2025-26 ਸਾਉਣੀ ਸੀਜ਼ਨ ਦੌਰਾਨ ਛੇ ਜ਼ਿਲ੍ਹਿਆਂ ਵਿੱਚ ਲਾਗੂ ਕੀਤੇ ਗਏ ਪਾਇਲਟ ਪ੍ਰੋਜੈਕਟ ਨੂੰ ਕਿਸਾਨਾਂ ਵੱਲੋਂ ਵੱਡਾ ਹੁੰਗਾਰਾ ਮਿਲਣ ਬਾਅਦ ਲਿਆ ਗਿਆ ਏ । ਸ੍ਰੀ ਖੁੱਡੀਆਂ ਨੇ ਕਿਸਾਨਾਂ ਨੂੰ ਝੋਨੇ ਤੋਂ ਸਾਉਣੀ ਮੱਕੀ ਦੀ ਕਾਸ਼ਤ ਵੱਲ ਜਾਣ ਲਈ ਉਤਸ਼ਾਹਿਤ ਕਰਕੇ ਸੂਬੇ 'ਚ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਇਸ ਪ੍ਰਾਜੈਕਟ ਦੇ ਵਿਸਥਾਰ ਨੂੰ ਇੱਕ "ਫ਼ੈਸਲਾਕੁਨ ਕਦਮ" ਦੱਸਿਆ।  ਇਸ ਯੋਜਨਾ ਤਹਿਤ ਅੰਮ੍ਰਿਤਸਰ, ਬਠਿੰਡਾ, ਫਤਿਹਗੜ੍ਹ ਸਾਹਿਬ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ, ਲੁਧਿਆਣਾ, ਮੋਗਾ, ਪਟਿਆਲਾ, ਪਠਾਨਕੋਟ, ਰੂਪਨਗਰ, ਸੰਗਰੂਰ, ਮੋਹਾਲੀ, ਸ਼ਹੀਦ ਭਗਤ ਸਿੰਘ ਨਗਰ ਅਤੇ ਤਰਨ ਤਾਰਨ ਵਿੱਚ  50000 ਏਕੜ  ਰਕਬੇ ਨੂੰ

ਸਾਉਣੀ ਦੀ ਮੱਕੀ ਅਧੀਨ ਲਿਆਉਣ ਦਾ ਟੀਚਾ ਮਿੱਥਿਆ ਗਿਆ ਏ । ਉਨ੍ਹਾਂ ਦੱਸਿਆ ਕਿ ਇਸ ਲਈ ਕਿਸਾਨਾਂ ਨੂੰ ਪਿਛਲੇ ਸਾਲ ਵਾਂਗ ਪ੍ਰਤੀ ਹੈਕਟੇਅਰ 17,500 ਰੁਪਏ ਦੀ ਸਬਸਿਡੀ ਵੀ ਦਿੱਤੀ ਜਾਵੇਗੀ। ਸੂਬੇ ਦੇ ਜ਼ਮੀਨ ਹੇਠਲੇ ਪਾਣੀ ਦੇ ਕੀਮਤੀ ਸਰੋਤਾਂ ਨੂੰ ਬਚਾਉਣ ਲਈ ਸੂਬੇ ਦੇ ਕਿਸਾਨਾਂ ਨੂੰ ਸਾਉਣੀ ਦੀ ਮੱਕੀ ਬੀਜਣ ਦੀ ਅਪੀਲ ਕਰਦਿਆਂ ਖੇਤੀਬਾੜੀ ਮੰਤਰੀ ਨੇ ਕਿਹਾ ਕਿ ਕਿਸਾਨ, ਸਰਕਾਰ ਦੀ ਵੈੱਬਸਾਈਟ agrimachinerypb.com ਉਤੇ ਰਜਿਸਟਰ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਲਈ ਇੱਕ ਲਾਜ਼ਮੀ ਜੇ-ਫਾਰਮ ਅਤੇ ਖੇਤ ਦੀ ਜੀਓ-ਟੈਗਿੰਗ ਦੀ ਲੋੜ ਹੋਵੇਗੀ ਤਾਂ ਜੋ ਇਹ ਪੁਸ਼ਟੀ ਕੀਤੀ ਜਾ ਸਕੇ ਕਿ ਬਿਨੈਕਾਰ ਕਿਸਾਨ ਨੇ ਪਿਛਲੇ ਸਾਲ ਝੋਨਾ ਲਾਇਆ ਸੀ, ਜੋ ਇਸ ਸਾਲ ਮੱਕੀ ਦੀ ਕਾਸ਼ਤ ਵੱਲ ਜਾ ਰਿਹਾ ਹੈ। ਉੱਨਤ ਕਿਸਾਨ ਪੋਰਟਲ ਰਾਹੀਂ ਤਸਦੀਕ ਦੋ ਗੇੜਾਂ ਵਿੱਚ ਕੀਤੀ ਜਾਵੇਗੀ। ਪਹਿਲਾ 15 ਜੁਲਾਈ ਤੋਂ 25 ਜੁਲਾਈ ਤੱਕ, ਜਿਸ ਤੋਂ ਬਾਅਦ 5 ਅਗਸਤ ਤੋਂ 15 ਅਗਸਤ, ਤੱਕ ਦੂਜਾ ਗੇੜ ਹੋਵੇਗਾ।

---------------------------------------------------------

ਪੰਜਾਬ ਦੇ ਗੈਂਗਸਟਰ ਵਿਰੋਧੀ ਕਾਰਜ ਬਲ-AGTF ਨੇ ਕੇਂਦਰੀ ਏਜੰਸੀਆਂ ਅਤੇ ਤ੍ਰਿਪੁਰਾ ਪੁਲਿਸ ਨਾਲ ਮਿਲ ਕੇ ਇੱਕ ਆਪ੍ਰੇਸ਼ਨ ਵਿੱਚ, ਬੀਤੇ ਸਾਲ 15 ਦਸੰਬਰ ਨੂੰ ਮੋਹਾਲੀ ਜ਼ਿਲੇ ਦੇ ਕਬੱਡੀ ਪ੍ਰਮੋਟਰ ਰਾਣਾ

ਬਲਾਚੌਰੀਆ ਦੇ ਕਤਲ ਮਾਮਲੇ  'ਚ ਸ਼ੂਟਰ ਆਦਿਤਿਆ ਉਰਫ਼ ਮੱਖਣ ਨੂੰ ਤ੍ਰਿਪੁਰਾ ਦੇ ਅਗਰਤਲਾ ਤੋਂ ਗ੍ਰਿਫ਼ਤਾਰ ਕੀਤਾ ਏ । ਪੰਜਾਬ ਪੁਲਿਸ ਮੁੱਖੀ ਗੌਰਵ ਯਾਦਵ ਨੇ ਸੋਸ਼ਲ ਮੀਡੀਆ ਪੋਸਟ 'ਚ ਜਾਣਕਾਰੀ ਦਿੰਦਿਆਂ ਦਸਿਆ ਕਿ ਵਿਦੇਸ਼ੀ-ਅਧਾਰਤ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦੇ ਹੋਏ, ਮੁਲਜ਼ਮ ਨੇ ਆਪਣੇ ਸਾਥੀਆਂ ਨਾਲ ਮਿਲ ਕੇ ਯੋਜਨਾਬੱਧ ਕਤਲ ਨੂੰ ਅੰਜਾਮ ਦਿੱਤਾ। ਉਸਦੇ ਸਾਥੀਆਂ ਨੂੰ ਪਹਿਲਾਂ AGTF ਨੇ ਕੋਲਕਾਤਾ ਤੋਂ ਗ੍ਰਿਫ਼ਤਾਰ ਕੀਤਾ ਸੀ, ਮੁਲਜ਼ਮ  ਹੁਣ ਤੱਕ ਫਰਾਰ ਸੀ ਅਤੇ ਗ੍ਰਿਫ਼ਤਾਰੀ ਤੋਂ ਬਚ ਰਿਹਾ ਸੀ। ਪੁਲਿਸ ਮੁਖੀ  ਨੇ ਕਿਹਾ ਕਿ ਪੰਜਾਬ ਪੁਲਿਸ ਵਿਦੇਸ਼ਾਂ ਵਿੱਚ ਜਾਂ ਭਾਰਤ ਦੇ ਕਿਸੇ ਵੀ ਹਿੱਸੇ ਵਿੱਚ ਬੈਠੇ ਮੁਲਜ਼ਮਾਂ ਦਾ ਪਿੱਛਾ ਕਰੇਗੀ ਤਾਂ ਜੋ ਉਨ੍ਹਾਂ ਨੂੰ ਨਿਆਂ ਦੇ ਕਟਹਿਰੇ 'ਚ ਲਿਆਂਦਾ ਜਾ ਸਕੇ ।

------------------------------------------------------

ਪੰਜਾਬ ਦੇ ਸਰਹੱਦੀ ਪਿੰਡਾਂ ਵਿੱਚ ਸੰਗਠਿਤ ਅਪਰਾਧ 'ਤੇ ਵੱਡੇ ਪੱਧਰ 'ਤੇ ਕਾਰਵਾਈ ਕਰਦਿਆਂ, ਤਰਨ ਤਾਰਨ ਪੁਲਿਸ ਨੇ,  ਪਾਕਿਸਤਾਨ ਨਾਲ ਜੁੜੇ ਨਸ਼ੀਲੇ ਪਦਾਰਥਾਂ ਦੇ ਵਪਾਰ 'ਤੇ ਸਖ਼ਤੀ ਨਾਲ ਕਾਰਵਾਈ ਕੀਤੀ ਏ । ਤਰਨਤਾਰਨ ਦੇ ਸੀਨੀਅਰ ਪੁਲਿਸ ਕਪਤਾਨ ਸੁਰੇਂਦਰ ਲਾਂਬਾ ਨੇ ਦਸਿਆ ਕਿ ਪਿਛਲੇ ਤਿੰਨ ਮਹੀਨਿਆਂ ਵਿੱਚ ਜ਼ਿਲਾ ਪੁਲਿਸ ਨੇ ਨਸ਼ਿਆਂ ਨੂੰ ਰੋਕਣ ਬਾਰੇ  ਐਕਟ ਦੇ ਤਹਿਤ 490 ਮਾਮਲੇ ਦਰਜ ਕੀਤੇ ਨੇ

630 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ 47. ਕਿਲੋ ਤੋਂ ਵੱਧ ਹੈਰੋਇਨ ਬਰਾਮਦ ਕੀਤੀ ਏ। ਉਨ੍ਹਾਂ ਕਿਹਾ ਕਿ ਗੈਂਗਸਟਰਾਂ ਤੇ ਵਾਰ' ਆਪ੍ਰੇਸ਼ਨ ਦੇ ਤਹਿਤ ਹਾਲ ਹੀ ਵਿੱਚ ਹੋਏ ਘਟਨਾਕ੍ਰਮ ਵਿੱਚ, ਪੁਲਿਸ ਨੇ ਦੋ ਸ਼ੂਟਰਾਂ ਸਮੇਤ ਕਈ ਮੁਲਜ਼ਮਾਂ ਨੂੰ ਗਿ੍ਰਫਤਾਰ ਕੀਤਾ ਏ , ਜਿਨ੍ਹਾਂ ਵਿੱਚ ਪ੍ਰਯੋਜਕ, ਸੰਚਾਲਕ ਅਤੇ 14 ਸਹਿਯੋਗੀ ਵੀ ਸ਼ਾਮਲ ਨੇ। ਸੋਸ਼ਲ ਮੀਡੀਆ ਖਾਤਿਆਂ ਅਤੇ ਬੈਂਕਿੰਗ ਲੈਣ-ਦੇਣ ਦੀ ਨਿਗਰਾਨੀ ਵੀ ਤੇਜ਼ ਕਰ ਦਿੱਤੀ ਗਈ ਏ , ਜਿਸ ਵਿੱਚ ਕਈ ਮਾਮਲਿਆਂ ਵਿੱਚ ਦੂਜੇ ਲੋਕਾਂ ਦੇ ਨਾਵਾਂ 'ਤੇ ਬੈਂਕ ਖਾਤਿਆਂ ਦੀ ਵਰਤੋਂ ਦਾ ਖੁਲਾਸਾ ਹੋਇਆ ਏ। ਇਸ ਤੋਂ ਇਲਾਵਾ, ਡਰੋਨ, ਹਥਿਆਰ, ਮੋਟਰਸਾਈਕਲ ਅਤੇ ਮੋਬਾਈਲ ਫੋਨ ਜ਼ਬਤ ਕੀਤੇ ਗਏ ਨੇ।

---------------------------------------------------------------------

ਫ਼ਤਹਿਗੜ੍ਹ ਸਾਹਿਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ 6 ਮਈ ਨੂੰ ਪਿੰਡ ਰੁੜਕੀ ਵਿਖੇ ਜਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਦਾ ਲਗਾਇਆ ਜਾ ਰਿਹਾ ਏ। ਮੁੱਖ ਖੇਤੀਬਾੜੀ ਅਫਸਰ, ਡਾ. ਜਗਦੇਵ ਸਿੰਘ ਨੇ ਦੱਸਿਆ ਕਿ ਇਸ ਕੈਂਪ ਵਿੱਚ ਕਿਸਾਨਾਂ ਨੂੰ ਸਾਉਣੀ ਦੀਆਂ ਫਸਲਾਂ ਬਾਰੇ, ਮਿੱਟੀ ਪਾਣੀ ਪਰਖ, ਪਰਾਲੀ ਪ੍ਰਬੰਧਨ, ਖਾਦਾਂ ਦੀ ਸੰਤੁਲਿਤ ਵਰਤੋਂ ਅਤੇ ਖੇਤੀ ਸਬੰਧੀ ਨਵੀ ਤਕਨੀਕੀ ਜਾਣਕਾਰੀ ਦਿੱਤੀ। ਜਾਵੇਗੀ। ਕੈਂਪ ਵਿੱਚ ਕਿਸਾਨਾਂ ਲਈ ਖੇਤੀਬਾੜੀ ਅਤੇ ਹੋਰਨਾਂ ਵਿਭਾਗਾਂ

ਵੱਲੋਂ ਦਿੱਤੀਆਂ ਜਾਂਦੀਆਂ ਸਹੂਲਤਾਂ ਦੇ ਲਾਭ ਲੈਣ ਦੀ ਪ੍ਰਕਿਰਿਆ ਅਸਾਨ ਕਰਨ ਲਈ ਕਿਸਾਨਾਂ ਦੇ ਜਮੀਨੀ ਰਿਕਾਰਡ ਡਿਜੀਟਲਾਈਜ਼ ਕਰਨ ਲਈ ਵਿਲੱਖਣ ਕਿਸਾਨ ਆਈ.ਡੀਜ. ਬਨਾਉਣ ਲਈ ਹੈਲਪ ਡੈਸਕ ਸਥਾਪਿਤ ਕੀਤਾ ਜਾਵੇਗਾ ਅਤੇ ਮੌਕੇ ਤੇ ਕਿਸਾਨਾਂ ਦੀਆਂ ਆਈ.ਡੀਜ਼. ਬਣਾਈਆਂ ਜਾਣਗੀਆਂ। ਓਹਨਾਂ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਮਾਹਿਰਾਂ ਦੀ ਟੀਮ ਅਤੇ ਹੋਰ ਉੱਚ ਅਧਿਕਾਰੀ ਵੀ ਇਸ ਕੈਂਪ ਵਿੱਚ ਪੁੱਜਣਗੇ । ਉਹਨਾਂ ਕਿਸਾਨਾਂ ਨੂੰ ਇਸ ਕੈਂਪ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ ।

-------------------------------------------------------

ਪੰਜਾਬ ਦੇ ਕਈ ਹਿੱਸਿਆਂ ਵਿੱਚ ਹੋਈ ਹਲਕੀ ਤੋਂ ਦਰਮਿਆਨੀ ਬਾਰਿਸ਼ ਕਰਕੇ ਤਾਪਮਾਨ ਵਿਚ ਗਿਰਾਵਟ ਆਉਣ ਨਾਲ ਖੁਸ਼ਗਵਾਰ ਮੌਸਮ ਨੇ ਲੋਕਾਂ ਨੂੰ ਗਰਮੀ ਤੋਂ ਰਾਹਤ ਦਿੱਤੀ ਏ। ਬਲਾਚੌਰ ਨੇੜੇ ਬੱਲੋਵਾਲ ਵਿੱਚ ਘੱਟੋ-ਘੱਟ ਤਾਪਮਾਨ 17.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਏ ਜਦੋਂ ਕਿ ਲੁਧਿਆਣਾ ਵਿੱਚ 17.6, ਬਠਿੰਡਾ ਵਿੱਚ ਅੱਜ ਘੱਟੋ-ਘੱਟ ਤਾਪਮਾਨ 25 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ਹੈ। ਮੌਸਮ ਵਿਭਾਗ ਨੇ ਅੱਜ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਬਟਾਲਾ, ਜਲੰਧਰ ਅਤੇ ਕਪੂਰਥਲਾ ਵਿੱਚ ਦਰਮਿਆਨੀ ਗਰਜ-ਚਮਕ ਦੀ ਪੇਸ਼ੀਨਗੋਈ ਕਰਦਿਆਂ ਇਨ੍ਹਾਂ ਜ਼ਿਲ੍ਹਿਆਂ ਵਿੱਚ ਓਰੇਂਜ ਅਲਰਟ

ਜਾਰੀ ਕੀਤਾ ਏ ਜਦੋਂ ਕਿ ਕਈ ਹੋਰ ਜ਼ਿਲ੍ਹਿਆਂ ਵਿੱਚ ਹਲਕੀ ਗਰਜ-ਚਮਕ ਦੀ ਸੰਭਾਵਨਾ ਜਤਾਈ ਗਈ ਏ। ਹਾਲਾਂਕਿ, ਪਟਿਆਲਾ, ਮੋਗਾ, ਜ਼ੀਰਾ ਅਤੇ ਜਗਰਾਉਂ ਖੇਤਰਾਂ ਵਿੱਚ  ਮੀਂਹ ਜਾਂ ਗਰਜ-ਚਮਕ ਬਾਰੇ ਕੋਈ ਅਲਰਟ ਨਹੀਂ ਏ ।

-----------------------------------------------------------

IPL ਕ੍ਰਿਕੇਟ ਵਿੱਚ, ਅੱਜ ਮੁੰਬਈ ਦੇ ਵਾਨਖੇੜੇ ਸਟੇਡੀਅਮ ਵਿੱਚ, ਮੁੰਬਈ ਇੰਡੀਅਨਜ਼ ਦਾ ਮੁਕਾਬਲਾ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ । ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

-----------------------------------------------------------